ਦਫ਼ਤਰ; ਡਾਇਰੈਕਟਰ, ਭਾਸ਼ਾ ਵਿਭਾਗ, ਪੰਜਾਬ, ਪਟਿਆਲਾ
(ਪ੍ਰਚਾਲਣ ਸ਼ਾਖ਼ਾ)

ਵੱਲ -

ਸ਼੍ਰੀ ਮਿੱਤਰ ਸੈਨ ਗੋਇਲ,
ਐਡਵੋਕੇਟ,
ਦਫ਼ਤਰ ਮਕਾਨ ਨੰ.297, ਗਲੀ ਨੰ.5,
ਉਪਕਾਰ ਨਗਰ, ਸਿਵਿਲ ਲਾਈਨ,
ਲੁਧਿਆਣਾ।

ਨੰ.ਪੰ.ਪ੍ਰਚਾ.(ਆਰ.ਟੀ.ਆਰ.)-2020/429
ਮਿਤੀ, ਪਟਿਆਲਾ/18-01-2021

ਵਿਸ਼ਾ:- **ਦੀਵਾਨੀ ਜ਼ਾਬਤਾ 1908 ਦੀ ਧਾਰਾ 80 ਅਧੀਨ ਕਾਨੂੰਨੀ ਨੋਟਿਸ।**

ਉਪਰੋਕਤ ਵਿਸ਼ੇ ਤੇ ਆਪ ਦੇ ਪੱਤਰ ਨੰ. 1016-20, ਮਿਤੀ 23.11.2020 ਦੇ ਹਵਾਲੇ ਵਿਚ ਲਿਖਿਆ ਜਾਂਦਾ ਹੈ ਕਿ ਇਸ ਵਿਭਾਗ ਵੱਲੋਂ ਪੰਜਾਬ ਸਰਕਾਰ ਦੇ ਸਮੂਹ ਦਫ਼ਤਰਾਂ ਦੀ ਪੰਜਾਬੀ ਪ੍ਰਚਾਲਣ ਦੇ ਨਜ਼ਰੀਏ ਤੋਂ ਚੈਕਿੰਗ ਕਰਵਾਈ ਜਾਂਦੀ ਹੈ। ਇਸ ਚੈਕਿੰਗ ਦੌਰਾਨ ਜੇਕਰ ਕੋਈ ਅਧਿਕਾਰੀ/ਕਰਮਚਾਰੀ ਆਪਣਾ ਦਫ਼ਤਰੀ ਕੰਮ ਅੰਗਰੇਜ਼ੀ ਵਿਚ ਕਰਦਾ ਪਾਇਆ ਜਾਂਦਾ ਹੈ ਤਾਂ ਉਸ ਸਬੰਧੀ ਰਾਜ ਭਾਸ਼ਾ (ਤਰਮੀਮ) ਐਕਟ, 2008 ਅਨੁਸਾਰ ਕਾਰਵਾਈ ਕਰਨ ਲਈ ਉਨ੍ਹਾਂ ਦੇ ਪ੍ਰਬੰਧਕੀ ਵਿਭਾਗ ਨੂੰ ਲਿਖ ਦਿੱਤਾ ਜਾਂਦਾ ਹੈ ਅਤੇ ਸਰਕਾਰ ਨੂੰ ਇਸ ਦੀ ਸੂਚਨਾ ਭੇਜ ਦਿੱਤੀ ਜਾਂਦੀ ਹੈ। ਪੰਜਾਬ ਰਾਜ ਭਾਸ਼ਾ ਐਕਟ 1967 ਅਤੇ ਪੰਜਾਬ ਰਾਜ ਭਾਸ਼ਾ (ਤਰਮੀਮ) ਐਕਟ-2008 ਦੀ ਪਾਲਣਾ ਨੂੰ ਯਕੀਨੀ ਬਣਾਉਣ ਲਈ ਸਰਕਾਰ ਵੱਲੋਂ ਵੀ ਸਮੂਹ ਵਿਭਾਗਾਂ ਦੇ ਮੁੱਖੀਆਂ ਨੂੰ ਅਤੇ ਉਨ੍ਹਾਂ ਅਧੀਨ ਦਫ਼ਤਰਾਂ ਦੇ ਅਧਿਕਾਰੀਆਂ/ਕਰਮਚਾਰੀਆਂ ਨੂੰ ਸਮੁੱਚਾ ਦਫ਼ਤਰੀ ਕੰਮ-ਕਾਜ ਪੰਜਾਬੀ ਭਾਸ਼ਾ ਵਿਚ ਕਰਨ ਲਈ ਸਮੇਂ ਸਮੇਂ ਤੇ ਹਦਾਇਤਾਂ ਜਾਰੀ ਕੀਤੀਆਂ ਜਾਂਦੀਆਂ ਹਨ। ਇਸੇ ਸਬੰਧ ਵਿਚ ਵਿਭਾਗ ਵਲੋਂ ਪੰਜਾਬ ਰਾਜ ਪਾਵਰ ਕਾਰਪੋਰੇਸ਼ਨ ਲਿਮਟਿਡ, ਲੁਧਿਆਣਾ ਦੇ ਦਫ਼ਤਰ ਦੀ ਚੈਕਿੰਗ ਦੌਰਾਨ ਕੋਤਾਹੀਕਾਰ ਪਾਏ ਗਏ ਅਧਿਕਾਰੀਆਂ/ਕਰਮਚਾਰੀਆਂ ਵਿਰੁੱਧ ਕਾਰਵਾਈ ਕਰਨ ਲਈ ਉਨ੍ਹਾਂ ਦੇ ਪ੍ਰਬੰਧਕੀ ਵਿਭਾਗ ਨੂੰ ਇਸ ਦਫ਼ਤਰ ਦੇ ਪੱਤਰ ਨੰ.ਪੰ.ਪ੍ਰਚਾ.623-24, ਮਿਤੀ 25.11.2020 ਰਾਹੀਂ ਲਿਖਿਆ ਜਾ ਚੁੱਕਾ ਹੈ ਅਤੇ ਪੱਤਰ ਨੰ.647, ਮਿਤੀ 18.12.2020 ਰਾਹੀਂ ਕੋਤਾਹੀਕਾਰਾਂ ਵਿਰੁੱਧ ਕੀਤੀ ਗਈ ਕਾਰਵਾਈ ਤੋਂ ਵਿਭਾਗ ਨੂੰ ਜਾਣੂ ਕਰਵਾਉਣ ਲਈ ਯਾਦ ਪੱਤਰ ਵੀ ਲਿਖਿਆ ਜਾ ਚੁੱਕਾ ਹੈ (ਕਾਪੀ ਨੱਥੀ ਹੈ)।

ਇਸ ਤੋ ਇਲਾਵਾ ਮੁੱਖ ਦਫ਼ਤਰ ਦੇ ਅਧਿਕਾਰੀਆਂ ਦੀ ਵਿਸ਼ੇਸ਼ ਟੀਮ ਵਲੋਂ ਮਿਤੀ 08.01.2021 ਨੂੰ ਪੰਜਾਬ ਰਾਜ ਪਾਵਰ ਕਾਰਪੋਰੇਸ਼ਨ ਲਿਮਟਿਡ, ਲੁਧਿਆਣਾ ਦੇ ਦਫ਼ਤਰ ਦੀ ਦੁਬਾਰਾ ਚੈਕਿੰਗ ਕੀਤੀ ਗਈ ਅਤੇ ਵੇਖਿਆ ਗਿਆ ਕਿ ਉਨ੍ਹਾਂ ਵੱਲੋਂ ਆਪਣਾ ਦਫ਼ਤਰੀ ਕੰਮ ਪੰਜਾਬੀ ਭਾਸ਼ਾ ਵਿਚ ਕੀਤਾ ਜਾ ਰਿਹਾ ਹੈ। ਟੀਮ ਦੇ ਅਧਿਕਾਰੀਆਂ ਵਲੋਂ ਉਨ੍ਹਾਂ ਨੂੰ ਅੱਗੇ ਤੋਂ ਆਪਣਾ ਦਫ਼ਤਰੀ ਕੰਮ ਪੰਜਾਬ ਰਾਜ ਭਾਸ਼ਾ ਐਕਟ ਅਨੁਸਾਰ ਪੰਜਾਬੀ ਭਾਸ਼ਾ ਵਿਚ ਕਰਨ ਲਈ ਹਦਾਇਤ ਕੀਤੀ ਗਈ। ਕੋਵਿਡ-19 ਦੀ ਮਹਾਂਮਾਰੀ ਕਾਰਨ ਵੀ ਪੰਜਾਬੀ ਪ੍ਰਚਾਲਣ ਦੀਆਂ ਚੈਕਿੰਗਾਂ ਨਹੀਂ ਕਰਵਾਈਆਂ ਜਾ ਸਕੀਆਂ। ਸਟਾਫ਼ ਦੀ ਘਾਟ ਕਾਰਨ ਵਿਭਾਗ ਦੇ ਮੁੱਖ ਦਫਤਰ ਦੇ ਅਧਿਕਾਰੀਆਂ ਦੀਆਂ ਵਿਸ਼ੇਸ਼ ਟੀਮਾਂ ਵਲੋਂ ਸਾਲ 2019-20 ਦੌਰਾਨ ਪੰਜਾਬ ਸਰਕਾਰ ਦੇ ਸਮੂਹ ਵਿਭਾਗਾਂ ਵਿਚ ਚੈਕਿੰਗਾਂ ਕੀਤੀਆਂ ਗਈਆਂ ਸਨ ਅਤੇ ਅੱਗੇ ਵੀ ਇਹ ਕਾਰਜ ਨਿਰੰਤਰ ਜਾਰੀ ਰਹੇਗਾ।

ਡਾਇਰੈਕਟਰ, ਭਾਸ਼ਾ ਵਿਭਾਗ, ਪੰਜਾਬ

ਦਫ਼ਤਰ: ਡਾਇਰੈਕਟਰ, ਭਾਸ਼ਾ ਵਿਭਾਗ, ਪੰਜਾਬ, ਪਟਿਆਲਾ
(ਪ੍ਰਚਾਲਣ ਸ਼ਾਖ਼ਾ)

ਸੇਵਾ ਵਿਚ

ਚੇਅਰਮੈਨ,
ਪੰਜਾਬ ਰਾਜ ਪਾਵਰ ਕਾਰਪੋਰੇਸ਼ਨ ਲਿਮਟਿਡ,
ਪਟਿਆਲਾ।

ਨੰ: ਪੰ.ਪ੍ਰਚਾ.-2020/ 647
ਮਿਤੀ, ਪਟਿਆਲਾ/ 18/12/2020

ਵਿਸ਼ਾ:- **ਪੰਜਾਬੀ ਪ੍ਰਚਾਲਣ ਚੈਕਿੰਗ ਰਿਪੋਰਟ-ਕੋਤਾਹੀਕਾਰਾਂ ਸਬੰਧੀ।**

ਸ੍ਰੀਮਾਨ ਜੀ,

ਉਪਰੋਕਤ ਵਿਸ਼ੇ ਤੇ ਆਪ ਜੀ ਦਾ ਧਿਆਨ ਇਸ ਵਿਭਾਗ ਦੇ ਪੱਤਰ ਨੰ.ਪੰ.ਪ੍ਰਚਾ.-2020/623, ਮਿਤੀ 25.11.2020 ਵੱਲ ਦਿਵਾਉਂਦੇ ਹੋਏ ਬੇਨਤੀ ਕੀਤੀ ਜਾਂਦੀ ਹੈ ਕਿ ਇਸ ਵਿਭਾਗ ਦੇ ਅਧਿਕਾਰੀਆਂ ਵਲੋਂ ਆਪ ਜੀ ਦੇ ਅਧੀਨ ਜ਼ਿਲ੍ਹਾ ਲੁਧਿਆਣਾ ਦੇ ਦਫ਼ਤਰ ਦੀਆਂ ਵੱਖ-ਵੱਖ ਸਾਖ਼ਾਵਾਂ ਵਿਚ ਪੰਜਾਬੀ ਦੀ ਵਰਤੋਂ ਸਬੰਧੀ ਚੈਕਿੰਗ ਕੀਤੀ ਗਈ ਸੀ ਅਤੇ ਇਸ ਚੈਕਿੰਗ ਦੌਰਾਨ ਜਿਹੜੇ ਅਧਿਕਾਰੀ/ਕਰਮਚਾਰੀ ਆਪਣਾ ਦਫ਼ਤਰੀ ਕੰਮ ਅੰਗਰੇਜ਼ੀ ਵਿਚ ਕਰਦੇ ਪਾਏ ਗਏ ਉਨ੍ਹਾਂ ਵਿਰੁੱਧ ਕਾਰਵਾਈ ਕਰਨ ਲਈ ਰਿਪੋਟ ਆਪ ਜੀ ਨੂੰ ਭੇਜੀ ਗਈ ਸੀ।

ਇਸ ਲਈ ਪੰਜਾਬ ਰਾਜ ਭਾਸ਼ਾ ਐਕਟ 1967 ਅਤੇ ਪੰਜਾਬ ਰਾਜ ਭਾਸ਼ਾ (ਤਰਮੀਮ) ਐਕਟ 2008 ਅਨੁਸਾਰ ਸਬੰਧਤ ਕੋਤਾਹੀਕਾਰਾਂ ਵਿਰੁੱਧ ਲੋੜੀਂਦੀ ਕਾਰਵਾਈ ਤੁਰੰਤ ਕੀਤੀ ਜਾਵੇ ਅਤੇ ਕੀਤੀ ਗਈ ਕਾਰਵਾਈ ਤੋਂ ਇਸ ਵਿਭਾਗ ਨੂੰ ਜਾਣੂ ਕਰਵਾਉਣ ਦੀ ਖੇਚਲ ਕੀਤੀ ਜਾਵੇ ਤਾਂ ਜੋ ਸਰਕਾਰ ਨੂੰ ਸਮੇਂ ਸਿਰ ਸੂਚਨਾ ਭੇਜੀ ਜਾ ਸਕੇ ਜੀ।

ਵਿਸ਼ਵਾਸਪਾਤਰ

ਡਾਇਰੈਕਟਰ ਭਾਸ਼ਾ ਵਿਭਾਗ, ਪੰਜਾਬ

ਪਿੱਠ ਅੰਕਣ ਨੰ.ਪੰ.ਪ੍ਰਚਾ.-2020/ 648

ਮਿਤੀ, ਪਟਿਆਲਾ/18/12/2020

ਉਤਾਰਾ:- ਮਾਣਯੋਗ ਸਕੱਤਰ, ਪੰਜਾਬ ਸਰਕਾਰ, ਉਚੇਰੀ ਸਿੱਖਿਆ ਤੇ ਭਾਸ਼ਾ ਵਿਭਾਗ, ਸਿੱਖਿਆ ਸੈਲ, ਪੰਜਾਬ, ਚੰਡੀਗੜ੍ਹ ਨੂੰ ਇਸ ਵਿਭਾਗ ਦੇ ਪਿੱਠ ਅੰਕਣ ਪੱਤਰ ਨੰ.ਪੰ.ਪ੍ਰਚਾ.-624, ਮਿਤੀ 25.11.2020 ਦੇ ਹਵਾਲੇ ਵਿਚ ਸੂਚਨਾ ਅਤੇ ਲੋੜੀਂਦੀ ਕਾਰਾਵਾਈ ਲਈ ਭੇਜਿਆ ਜਾਂਦਾ ਹੈ।

ਡਾਇਰੈਕਟਰ ਭਾਸ਼ਾ ਵਿਭਾਗ, ਪੰਜਾਬ

ਪੰਜਾਬੀ ਪ੍ਰਚਾਲਣ-I-